# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

## ਮਿਤੀ : 24-02-2026

ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਨੇ ਕਿਹਾ ਏ ਕਿ ਇਕ ਸ਼ੁੱਧ ਵੋਟਰ ਸੂਚੀ ਕਿਸੇ ਵੀ ਲੋਕਤੰਤਰ ਦੀ ਨੀਂਹ ਹੁੰਦੀ ਏ। ਉਨ੍ਹਾਂ ਇਹ ਬਿਆਨ ਅੱਜ ਨਵੀਂ ਦਿੱਲੀ ਵਿੱਚ ਚੋਣ ਕਮਿਸ਼ਨ ਤੇ ਰਾਜ ਚੋਣ ਕਮਿਸ਼ਨਰਾਂ ਦੇ ਰਾਸ਼ਟਰੀ ਗੋਲਮੇਜ਼ ਸੰਮੇਲਨ ਨੂੰ ਸੰਬੋਧਨ ਕਰਦਿਆਂ ਦਿੱਤਾ। ਵੋਟਰ ਸੂਚੀਆਂ ਦੀ ਵਿਸ਼ੇਸ਼ ਤੀਬਰ ਸੋਧ (SIR) ਬਾਰੇ ਸ਼੍ਰੀ ਕੁਮਾਰ ਨੇ ਕਿਹਾ ਕਿ ਸਾਰੇ ਯੋਗ ਵੋਟਰਾਂ ਨੂੰ ਵੋਟਰ ਸੂਚੀਆਂ ਵਿੱਚ ਸ਼ਾਮਲ ਕੀਤਾ ਜਾਣਾ ਚਾਹੀਦਾ ਏ , ਤੇ ਅਯੋਗ ਵੋਟਰਾਂ ਨੂੰ ਬਾਹਰ ਰੱਖਿਆ ਜਾਣਾ ਚਾਹੀਦਾ ਏ।

Byte

ਉਨ੍ਹਾਂ ਕਿਹਾ ਕਿ SIR ਬਿਹਾਰ ਵਿੱਚ ਸ਼ੁਰੂ ਹੋਇਆ ਸੀ ਤੇ ਬਿਨਾਂ ਕਿਸੇ ਗਲਤੀ ਦੇ ਪੂਰਾ ਹੋਇਆ ਸੀ। ਸ਼੍ਰੀ ਕੁਮਾਰ ਨੇ ਜ਼ੋਰ ਦੇ ਕੇ ਕਿਹਾ ਕਿ, ਵੋਟਰ ਸੂਚੀਆਂ ਨੂੰ ਸ਼ੁੱਧ ਕਰਨ ਦੇ ਨਾਲ-ਨਾਲ, ਉਨ੍ਹਾਂ ਨੂੰ ਵੋਟਰਾਂ ਲਈ ਪਹੁੰਚਯੋਗ ਤੇ ਆਸਾਨ ਬਣਾਉਣਾ ਵੀ ਜ਼ਰੂਰੀ ਏ। ਉਨ੍ਹਾਂ ਕਿਹਾ ਕਿ ਬਿਹਾਰ ਤੋਂ ਸ਼ੁਰੂ ਹੋਈ SIR ਪ੍ਰਕਿਰਿਆ 12 ਰਾਜਾਂ

ਵਿੱਚ ਲਾਗੂ ਕੀਤੀ ਗਈ ਸੀ, ਜਿਨ੍ਹਾਂ ਵਿੱਚੋਂ 11 ਰਾਜਾਂ ਲਈ ਅੰਤਿਮ ਵੋਟਰ ਸੂਚੀਆਂ ਪ੍ਰਕਾਸ਼ਿਤ ਕੀਤੀਆਂ ਗਈਆਂ ਨੇ।

-----------------------------------------------------------------------------------

ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਹੁਸ਼ਿਆਰਪੁਰ ਵਿੱਚ 'ਨਸ਼ਿਆਂ ਖ਼ਿਲਾਫ਼ ਪੈਦਲ ਯਾਤਰਾ' ਤਹਤ  ਵਿਸ਼ਾਲ ਜਨ-ਜਾਗਰੂਕਤਾ ਰੈਲੀ ਵਿੱਚ ਸ਼ਮੂਲੀਅਤ ਕੀਤੀ। ਇਸ ਯਾਤਰਾ ਵਿੱਚ ਰਾਜਨੀਤਿਕ, ਪ੍ਰਸ਼ਾਸਨਿਕ, ਸਮਾਜਿਕ ਤੇ ਧਾਰਮਿਕ ਸੰਗਠਨਾਂ ਦੇ ਪ੍ਰਤੀਨਿਧੀਆਂ ਦੇ ਨਾਲ-ਨਾਲ ਵਿਦਿਆਰਥੀਆਂ ਤੇ ਆਮ ਨਾਗਰਿਕਾਂ ਵੱਲੋਂ ਵੱਡੀ ਗਿਣਤੀ ਵਿੱਚ ਹਿੱਸਾ ਲਿਆ ਗਿਆ। ਯਾਤਰਾ ਦੌਰਾਨ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਵੱਲੋਂ  ਸਮਾਜ ਨੂੰ ਨਸ਼ਾ ਮੁਕਤ ਬਣਾਉਣ ਦਾ ਸੰਦੇਸ਼ ਦਿੱਤਾ ਗਿਆ। ਵੱਖ-ਵੱਖ ਥਾਵਾਂ 'ਤੇ ਸਮਾਜਿਕ ਤੇ ਧਾਰਮਿਕ ਸੰਗਠਨਾਂ ਵੱਲੋਂ ਰਾਜਪਾਲ ਦਾ  ਸਵਾਗਤ ਕੀਤਾ ਗਿਆ। ਇਸ ਮੌਕੇ ਰਾਜਪਾਲ ਨੇ ਵਿਦਿਆਰਥੀਆਂ ਤੇ ਮਾਪਿਆਂ ਨੂੰ ਅਪੀਲ ਕੀਤੀ ਕਿ ਨਸ਼ਿਆਂ ਖ਼ਿਲਾਫ਼ ਲੜਾਈ ਨੂੰ ਜਨ ਅੰਦੋਲਨ ਬਣਾਇਆ ਜਾਵੇ ਤੇ ਸਰਕਾਰ ਦੀ "ਯੁੱਧ ਨਸ਼ਿਆਂ ਵਿਰੁੱਧ" ਮੁਹਿੰਮ ਵਿੱਚ ਸਰਗਰਮ ਸਹਿਯੋਗ ਦਿੱਤਾ ਜਾਵੇ। ਉਨ੍ਹਾਂ ਲੋਕਾਂ  ਨੂੰ ਨਸ਼ਾ ਮੁਕਤ ਪੰਜਾਬ ਬਣਾਉਣ ਦੀ ਸੌਂ ਵੀ ਚੁਕਾਈ

-----------------------------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ  ਕਿਹਾ ਏ ਕਿ ਮਾਰਚ ਤੋਂ ਲੁਧਿਆਣਾ ਵਿਚ ਟਾਟਾ ਸਟੀਲ ਦੇ ਪਲਾਂਟ ਦੇ ਕਾਰਜਸ਼ੀਲ ਹੋਣ ਨਾਲ ਸੂਬੇ ਵਿੱਚ ਉਦਯੋਗ ਨੂੰ ਵੱਡਾ ਹੁਲਾਰਾ ਮਿਲੇਗਾ। ਟਾਟਾ ਸਟੀਲ ਦੇ ਇਕ ਸੀਨੀਅਰ ਵਫਦ ਨਾਲ ਗੱਲਬਾਤ ਕਰਦਿਆਂ ਉਹਨਾਂ ਕਿਹਾ ਕਿ ਇਸ ਪਲਾਂਟ ਤੋਂ ਲਗਭਗ

2,500 ਵਿਅਕਤੀਆਂ ਲਈ ਰੋਜਗਾਰ ਦੇ ਮੌਕੇ ਪੈਦਾ ਹੋਣ ਦੀ ਉਮੀਦ ਏ। ਉਹਨਾਂ ਕਿਹਾ ਕਿ ਯੂਨਿਟ 100 ਫੀਸਦੀ ਸਟੀਲ ਸਕ੍ਰੈਪ ਨੂੰ ਕੱਚੇ ਮਾਲ ਵਜੋਂ ਵਰਤੇਗਾ ਤੇ ਟਿਕਾਊ ਤੇ ਵਾਤਾਵਰਣ-ਅਨੁਕੂਲ ਉਤਪਾਦਨ ਪ੍ਰਕਿਰਿਆ ਅਪਣਾਏਗਾ। 3200 ਕਰੋੜ ਵਾਲੇ ਇਸ ਪ੍ਰੋਜੈਕਟ ਦੀ ਸ਼ੁਰੂਆਤ ਨੂੰ ਸੂਬੇ ਲਈ ਮਾਣ ਵਾਲੀ ਗੱਲ ਦੱਸਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਹ ਜਮਸ਼ੇਦਪੁਰ ਤੋਂ ਬਾਅਦ ਭਾਰਤ ਵਿੱਚ ਟਾਟਾ ਸਟੀਲ ਦਾ ਦੂਜਾ ਸਭ ਤੋਂ ਵੱਡਾ ਪਲਾਂਟ ਏ ਤੇ ਪੰਜਾਬ ਵਿਚ ਕੰਪਨੀ ਦੇ ਸਭ ਤੋਂ ਵੱਡੇ ਨਿਵੇਸ ਨੂੰ ਦਰਸਾਉਂਦਾ ਏ। ਇਸ ਮੌਕੇ ਕੈਬਨਿਟ ਮੰਤਰੀ ਸੰਜੀਵ ਅਰੋੜਾ, ਮੁੱਖ ਸਕੱਤਰ ਕੇ.ਏ.ਪੀ. ਸਿਨਹਾ ਅਤੇ ਹੋਰ ਸੀਨੀਅਰ ਅਧਿਕਾਰੀ ਮੌਜੂਦ ਸਨ।

---------------------------------------------------------------------------

ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਨੇ ਦੱਸਿਆ ਏ ਕਿ ਪੰਜਾਬ ਸਰਕਾਰ ਵਲੋਂ ਵਿਦੇਸ਼ਾਂ ਵਿਚ ਵਸਦੇ ਪਰਵਾਸੀ ਪੰਜਾਬੀ ਭਾਈਚਾਰੇ (ਐਨ.ਆਰ.ਆਈਜ) ਦੀਆਂ ਸਮੱਸਿਆਵਾਂ ਨੂੰ ਹੱਲ ਕਰਨ ਲਈ ਐਨ.ਆਰ.ਆਈ ਮਿਲਣੀਆਂ ਦਾ ਆਯੋਜਨ ਲਗਾਤਾਰ ਕੀਤਾ ਜਾ ਰਿਹਾ ਏ। ਉਹਨਾਂ ਦੱਸਿਆ ਕਿ ਸਾਡਾ ਮੁੱਖ ਮਕਸਦ ਐਨ.ਆਰ. ਆਈਜ ਨੂੰ ਦਰਪੇਸ਼ ਸਮੱਸਿਆਵਾਂ ਦਾ ਹੱਲ ਉਨ੍ਹਾਂ ਦੇ ਕੋਲ ਪਹੁੰਚ ਕੇ ਕਰਨਾ ਏ ਤਾਂ ਜੋ ਉਨ੍ਹਾਂ ਨੂੰ ਸਰਕਾਰੀ ਦਫ਼ਤਰਾਂ ਦੇ ਬੇਲੋੜੇ ਚੱਕਰ ਨਾ ਕੱਟਣੇ ਪੈਣ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤਾਂ ਦਿੱਤੀਆਂ ਕਿ ਐਨ.ਆਰ.ਆਈਜ ਦੇ ਮਸਲੇ ਤੇ ਸ਼ਿਕਾਇਤਾਂ ਤੈਅ ਸਮੇਂ ਅੰਦਰ ਹੱਲ ਕੀਤੀਆਂ ਜਾਣ। ਉਨ੍ਹਾਂ ਦੱਸਿਆ ਕਿ ਸਾਡੀ ਸਰਕਾਰ ਨੇ ਐਨ.ਆਰ.ਆਈਜ਼ ਦੀਆਂ ਪੰਜਾਬ

ਵਿਚ ਪਈਆਂ ਜ਼ਮੀਨ ਜਾਇਦਾਦ ਦੇ ਅਧਿਕਾਰ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਪੁਖਤਾ ਪ੍ਰਬੰਧ ਕੀਤੇ ਨੇ ।

--------------------------------------------------------------------------------

ਕਾਊਂਟਰ ਇੰਟੈਲੀਜੈਂਸ ਅੰਮ੍ਰਿਤਸਰ ਨੇ ਨਸ਼ਾ ਤਸਕਰੀ ਨਾਲ ਜੁੜੇ ਮਾਡਿਊਲ ਦੇ ਤਿੰਨ ਕਾਰਕੁਨਾਂ ਨੂੰ ਗ੍ਰਿਫ਼ਤਾਰ ਕਰਕੇ ਉਹਨਾਂ ਦੇ ਕਬਜ਼ੇ ਚੋ 6 ਕਿਲੋ ਹੈਰੋਇਨ ਤੇ 6 ਕਿਲੋ ਆਈਸੀਈ (ਕ੍ਰਿਸਟਲ ਮੇਥਾਮਫੇਟਾਮਾਈਨ) ਬਰਾਮਦ ਕੀਤਾ ਏ । ਇਸ ਬਾਰੇ ਪੰਜਾਬ ਪੁਲਿਸ ਮੁਖੀ  ਗੌਰਵ ਯਾਦਵ ਨੇ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਏ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਪਾਕਿਸਤਾਨੀ ਤਸਕਰ ਦੇ ਸਿੱਧੇ ਸੰਪਰਕ ਵਿਚ ਸਨ। ਉਨ੍ਹਾਂ ਕਿਹਾ ਕਿ ਮੁਲਜ਼ਮ ਅੰਮ੍ਰਿਤਸਰ ਦੇ ਪਿੰਡਾਂ ਅਟਲਗੜ੍ਹ ਤੇ ਰਤਨ ਦੇ ਵਾੜ ਵਾਲੇ ਖੇਤਰ ਤੋਂ ਡਰੋਨ ਰਾਹੀਂ ਸਰਹੱਦ ਪਾਰੋਂ ਤਸਕਰੀ ਕੀਤੀਆਂ ਖੇਪਾਂ ਪ੍ਰਾਪਤ ਕਰ ਰਹੇ ਸਨ ਤੇ ਸੂਬੇ ਵਿਚ ਹੋਰਨਾਂ ਨੂੰ ਸਪਲਾਈ ਕਰਦੇ ਸਨ। ਡੀਜੀਪੀ ਨੇ ਕਿਹਾ ਕਿ ਮਾਮਲੇ ਵਿੱਚ ਜਾਂਚ ਕੀਤੀ ਜਾ ਰਹੀ ਏ ਤੇ ਹੋਰ ਗ੍ਰਿਫ਼ਤਾਰੀਆਂ ਹੋਣ ਦੀ ਉਮੀਦ ਏ । ਇਸ ਸਬੰਧ ਵਿੱਚ ਪੁਲਿਸ ਸਟੇਸ਼ਨ ਸਟੇਟ ਸਪੈਸ਼ਲ ਆਪ੍ਰੇਸ਼ਨ ਸੈੱਲ, ਅੰਮ੍ਰਿਤਸਰ ਵਿਖੇ ਕੇਸ਼ ਦਰਜ ਕੀਤਾ ਗਿਆ ਏ ।

--------------------------------------------------------------------------------

ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਵਲੋਂ ਅਨੁਸੂਚਿਤ ਜਾਤੀ ਵਰਗ ਨਾਲ ਸਬੰਧਤ ਪੰਜਾਬ ਦੀਆਂ ਐਸ.ਸੀ. ਮੁਲਾਜ਼ਮ ਜਥੇਬੰਦੀਆਂ ਦੀਆਂ ਸਮੱਸਿਆਵਾਂ ਤੇ ਸੰਵਿਧਾਨਕ ਅਧਿਕਾਰ ਲਾਗੂ ਕਰਵਾਉਣ ਵਿਚ ਆ ਰਹੀਆਂ ਦਿੱਕਤਾਂ ਹੱਲ ਕਰਵਾਉਣ ਲਈ ਚੰਡੀਗੜ੍ਹ ਵਿਖੇ ਮੀਟਿੰਗ ਕੀਤੀ ਗਈ, ਜਿਸ ਵਿਚ  ਜਥੇਬੰਦੀਆਂ ਨੇ  ਰਾਖਵਾਂਕਰਨ/ਪ੍ਰਤੀਨਿਧਤਾ

ਸਬੰਧੀ ਪੰਜਾਬ ਵਿਚ ਲਾਗੂ ਨਿਯਮਾਂ ਦਾ ਮੁੜ ਮੁਲਾਂਕਣ ਕਰਨ ਦੀ ਮੰਗ ਕੀਤੀ। ਇਸ ਦੇ ਨਾਲ ਹੀ ਆਗੂਆਂ ਵੱਲੋਂ 85ਵੀਂ ਸੰਵਿਧਾਨਕ ਸੋਧ ਲਾਗੂ ਕਰਨ, 10-10-2014 ਨੂੰ ਜਾਰੀ ਕੀਤੇ  ਗੈਰ ਸੰਵਿਧਾਨਕ ਪੱਤਰ ਨੂੰ ਵਾਪਿਸ ਲੈਣ ਰੋਸਟਰ ਰਜਿਸਟਰਾਂ ਤੇ ਬੈਕਲਾਗ ਨਾਲ ਸਬੰਧਤ ਭਰਤੀਆਂ ਨਾਲ ਸਬੰਧਤ ਮਾਮਲਿਆਂ ਨੂੰ ਚੁੱਕਿਆ ਗਿਆ। ਮੁਲਾਜ਼ਮ ਜੱਥੇਬੰਦੀਆਂ ਨੇ ਕੱਚੇ ਮੁਲਾਜ਼ਮਾਂ ਦਾ ਵੀ ਮੁੱਦਾ ਉਠਾਇਆ।

--------------------------------------------------------------------------------